# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

## 13:10

**ਮਿਤੀ :01-10-2026**

ਪੰਜਾਬ ਦੀਆਂ ਮੰਡੀਆਂ ਵਿੱਚ ਝੋਨੇ ਦੀ ਖ਼ਰੀਦ ਅੱਜ ਤੋਂ ਸ਼ੁਰੂ ਹੋ ਗਈ  ਏ । ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਇਸ ਖ਼ਰੀਦ ਲਈ ਸਰਕਾਰ ਨੇ ਸਾਰੀਆਂ ਤਿਆਰੀਆਂ ਕਰ ਲਈਆਂ ਨੇ । ਉਨ੍ਹਾਂ ਦੱਸਿਆ ਕਿ ਪੰਜਾਬ ਇਸ ਵਾਰ ਕੇਂਦਰੀ ਪੂਲ ਲਈ 180 ਲੱਖ ਮੀਟ੍ਰਿਕ ਟਨ ਖ਼ਰੀਦ ਕਰੇਗਾ।

BYTE

ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਆਪਣੀਆਂ ਫ਼ਸਲ ਨੂੰ ਮੰਡੀਆਂ ਵਿੱਚ ਲਿਆਉਣ ਤੋਂ ਪਹਿਲਾਂ ਚੰਗੀ ਤਰ੍ਹਾਂ ਸੁਕਾ ਲੈਣ ਤਾਂ ਜੋ ਉਨ੍ਹਾਂ ਨੂੰ ਕੋਈ ਮੁਸ਼ਕਲ ਪੇਸ਼ ਨਾ ਆਵੇ। ਇਸੇ ਦੌਰਾਨ ਪੰਜਾਬ ਸਰਕਾਰ ਵੱਲੋਂ ਬਾਹਰਲੇ ਸੂਬਿਆਂ ਤੋਂ ਆਉਣ ਵਾਲੇ ਝੋਨੇ ਅਤੇ ਬੋਗਸ ਖ਼ਰੀਦ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਰੋਕਣ ਲਈ ਇਸ ਵਾਰ ਝੋਨੇ ਦੀ ਖ਼ਰੀਦ ਦੌਰਾਨ ਹਰੇਕ ਢੇਰੀ ਦੀ ਫੋਟੋਗ੍ਰਾਫੀ ਕਰਨਾ ਲਾਜ਼ਮੀ ਕੀਤਾ ਗਿਆ ਏ ।

---

ਸਰਵਉੱਚ ਅਦਾਲਤ ਨੇ ਦੀਵਾਲੀ ਤੋਂ ਪਹਿਲਾਂ ਪਟਾਕਿਆਂ 'ਤੇ ਪੂਰੀ ਤਰ੍ਹਾਂ ਪਾਬੰਦੀ ਲਗਾਉਣ ਤੋਂ ਇਨਕਾਰ ਕਰ ਦਿੱਤਾ ਏ ਅਤੇ ਇੱਕ ਸੰਤੁਲਿਤ ਪਹੁੰਚ ਦਾ ਸੁਝਾਅ ਦਿੱਤਾ ਏ । ਜਸਟਿਸ ਐਮ.ਐਮ. ਸੁੰਦਰੇਸ਼ ਅਤੇ ਪੀ.ਬੀ. ਵਰਾਲੇ ਦੇ ਡਿਵੀਜ਼ਨ ਬੈਂਚ ਨੇ ਸੰਕੇਤ ਦਿੱਤਾ ਕਿ ਉਹ ਦੀਵਾਲੀ ਦੌਰਾਨ ਇੱਕ ਸਮਾਂ ਹੱਦ  ਦੇ ਨਾਲ ਕੁਝ ਖਾਸ ਕਿਸਮਾਂ ਦੇ ਪਟਾਕੇ ਚਲਾਉਣ ਦੀ ਇਜਾਜ਼ਤ ਦੇਣਗੇ  । ਸੁਪਰੀਮ ਕੋਰਟ ਨੇ ਧਾਰਮਿਕ ਭਾਵਨਾਵਾਂ ਅਤੇ ਹਵਾ ਪ੍ਰਦੂਸ਼ਣ ਦੇ ਮਾੜੇ ਪ੍ਰਭਾਵਾਂ ਵਿਚਕਾਰ ਸੰਤੁਲਨ ਬਣਾਉਣ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਅਦਾਲਤ ਨੇ ਕਿਹਾ ਕਿ ਪਟਾਕਿਆਂ 'ਤੇ ਪੂਰੀ ਤਰ੍ਹਾਂ ਪਾਬੰਦੀ ਜਨਤਕ ਭਾਵਨਾਵਾਂ ਨੂੰ ਠੇਸ ਪਹੁੰਚਾ ਸਕਦੀ ਹੈ, ਜਦੋਂ ਕਿ ਉਨ੍ਹਾਂ ਨੂੰ ਦਿਨ ਭਰ ਚਲਾਉਣ ਦੀ ਇਜਾਜ਼ਤ ਦੇਣ ਨਾਲ ਵਾਤਾਵਰਣ ਅਤੇ ਬਜ਼ੁਰਗਾਂ ਅਤੇ ਬਿਮਾਰਾਂ ਦੀ ਸਿਹਤ 'ਤੇ ਮਾੜਾ ਪ੍ਰਭਾਵ ਪੈ ਸਕਦਾ ਏ । ਬੈਂਚ ਨੇ ਇਹ ਟਿੱਪਣੀ ਰਾਸ਼ਟਰੀ ਰਾਜਧਾਨੀ, ਦਿੱਲੀ ਅਤੇ ਆਸ ਪਾਸ ਦੇ ਖੇਤਰਾਂ ਅਤੇ ਉੱਤਰੀ ਭਾਰਤ ਦੇ ਹੋਰ ਰਾਜਾਂ ਵਿੱਚ ਹਵਾ ਪ੍ਰਦੂਸ਼ਣ ਦੇ ਸਮੇਂ ਦੌਰਾਨ ਪਟਾਕਿਆਂ 'ਤੇ ਪਾਬੰਦੀ ਨਾਲ ਸਬੰਧਤ ਇੱਕ ਬਕਾਇਆ ਮਾਮਲੇ ਦੀ ਸੁਣਵਾਈ ਦੌਰਾਨ ਕੀਤੀ।

----------------------------------------------------------------------

ਦੁਬਈ ਤੋਂ ਇਜ਼ਰਾਈਲ ਦੇ ਤੇਲ ਅਵੀਵ  ਜਾ ਰਹੀ ਫਲਾਈਦੁਬਈ ਦੀ ਇੱਕ ਉਡਾਣ ਦੇ ਸਹਿ-ਪਾਇਲਟ ਨੂੰ ਕੈਪਟਨ 'ਤੇ ਚਾਕੂ ਨਾਲ ਹਮਲਾ

ਕਰਨ ਦੀ ਕੋਸ਼ਿਸ਼ ਕਰਨ ਦੇ ਇਲਜ਼ਾਮ ਵਿੱਚ ਗ੍ਰਿਫ਼ਤਾਰ ਕੀਤਾ ਗਿਆ ਏ । ਇਸ ਹਮਲੇ ਕਾਰਨ ਜਹਾਜ਼ ਦੋ ਮਿੰਟਾਂ ਤੋਂ ਵੀ ਘੱਟ ਸਮੇਂ ਵਿੱਚ ਲਗਭਗ 17 ਹਜ਼ਾਰ 400 ਫੁੱਟ ਹੇਠਾਂ ਉਤਰ ਗਿਆ। ਹਾਲਾਂਕਿ, ਅਮਲੇ ਸਮੇਤ ਮੁਸਾਫ਼ਰਾਂ  ਅਤੇ ਚਾਲਕ ਦਲ ਦੇ ਮੈਂਬਰਾਂ ਨੇ ਕਾਕਪਿਟ ਵਿੱਚ ਦਾਖਲ ਹੋਕੇ ਹਮਲਾਵਰ ਨੂੰ ਕਾਬੂ ਕੀਤਾ, ਅਤੇ ਜਹਾਜ਼ ਨੂੰ ਸਥਿਰ ਕਰਨ ਵਿੱਚ ਮਦਦ ਕੀਤੀ। ਇਸ ਤੋਂ ਬਾਅਦ ਉਡਾਣ ਨੂੰ ਮੋੜ ਦਿੱਤਾ ਗਿਆ ਅਤੇ ਉੱਤਰ-ਪੱਛਮੀ ਸਾਊਦੀ ਅਰਬ ਦੇ ਤਾਬੂਕ ਖੇਤਰੀ ਹਵਾਈ ਅੱਡੇ 'ਤੇ ਸੁਰੱਖਿਅਤ ਉਤਾਰਿਆ ਗਿਆ। ਰਾਸ਼ਟਰਪਤੀ ਦ੍ਰੋਪਦੀ ਮੁਰਮੂ ,ਪ੍ਰਧਾਨ ਮੰਤਰੀ ਨਰੇਂਦਰ ਮੋਦੀ ਤੇ ਵਿਦੇਸ਼ ਮੰਤਰੀ ਐੱਸ ਜੈਸ਼ੰਕਰ ਨੇ ਪਾਇਲਟ ਸਮਿਤ  ਦੀ ਸ਼ਲਾਘਾ ਕੀਤੀ ਏ |  ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਸਭ ਤੋਂ ਵੱਡੇ ਖ਼ਤਰੇ ਦਾ ਸਾਹਮਣਾ ਕਰਨ ਅਤੇ ਗੰਭੀਰ ਜ਼ਖਮੀ ਹੋਣ ਦੇ ਬਾਵਜੂਦ, ਕੈਪਟਨ ਸਮਿਤ ਮਛਾਰ ਨੇ ਦੂਜਿਆਂ ਦੀਆਂ ਜਾਨਾਂ ਦੀ ਰੱਖਿਆ ਲਈ ਅਟੱਲ ਹਿੰਮਤ ਅਤੇ  ਦ੍ਰਿੜ ਸੰਕਲਪ ਦਿਖਾਇਆ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਕਿਹਾ ਕਿ ਉਨ੍ਹਾਂ ਦੀ ਬਹਾਦਰੀ ਨੇ ਸੈਂਕੜੇ ਜਾਨਾਂ ਬਚਾਈਆਂ ਅਤੇ ਇੱਕ ਵੱਡੇ ਦੁਖਾਂਤ ਨੂੰ ਟਾਲਣ ਵਿੱਚ ਮਦਦ ਕੀਤੀ। ਉਨ੍ਹਾਂ ਕਿਹਾ ਕਿ ਕੈਪਟਨ ਸਮਿਤ ਇੱਕ ਜਾਂਬਾਜ਼ ਹੀਰੋ ਨੇ ਅਤੇ ਭਾਰਤ ਨੂੰ ਉਨ੍ਹਾਂ 'ਤੇ ਮਾਣ ਏ । ਪ੍ਰਧਾਨ ਮੰਤਰੀ ਨੇ ਉਨ੍ਹਾਂ ਦੀ ਜਲਦੀ ਸਿਹਤਯਾਬੀ ਅਤੇ ਚੰਗੀ ਸਿਹਤ ਲਈ ਪ੍ਰਾਰਥਨਾ ਕੀਤੀ।

--------------------------------------------------------------------------------

ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸ਼ਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਅੱਜ ਚੰਡੀਗੜ੍ਹ 'ਚ 'ਸਮਾਧਾਨ ਸ਼ਿਵਿਰ' ਮੌਕੇ ਦੋ ਨਾਗਰਿਕ- ਕੇਂਦ੍ਰਿਤ ਈ-ਪਹਿਲਕਦਮੀਆਂ "ਈ-ਸੰਪਦਾ ਸੀ.ਐੱਚ.ਡੀ" ਮੋਬਾਈਲ ਐਪਲੀਕੇਸ਼ਨ ਅਤੇ ਫੇਸਲੈੱਸ ਸਰਵਿਸ ਡਿਲਿਵਰੀ' ਸੁਵਿਧਾ ਦੀ ਰਸਮੀ ਤੌਰ 'ਤੇ ਸ਼ੁਰੂਆਤ ਕੀਤੀ। ਇਸਦਾ ਉਦੇਸ਼ ਚੰਡੀਗੜ੍ਹ ਦੇ ਨਾਗਰਿਕਾਂ ਤੱਕ ਇਸਟੇਟ ਆਫ਼ਿਸ ਦੀਆਂ ਜਾਇਦਾਦ-ਸਬੰਧੀ ਸੇਵਾਵਾਂ ਆਸਾਨੀ ਨਾਲ ਪਹੁੰਚਾਉਣਾ ਏ । ਰਾਮ ਦਰਬਾਰ ਸਥਿਤ ਕਮਿਊਨਿਟੀ ਸੈਂਟਰ ਵਿਖੇ ਡਿਪਟੀ ਕਮਿਸ਼ਨਰ ਅਤੇ ਇਸਟੇਟ ਅਫ਼ਸਰ ਨਿਸ਼ਾਂਤ ਕੁਮਾਰ ਯਾਦਵ ਨੇ ਦੋਨੋ ਪਹਿਲਕਦਮੀਆਂ ਦੀਆਂ ਵਿਸ਼ੇਸ਼ਤਾਵਾਂ ਅਤੇ ਫਾਇਦਿਆਂ ਦੀ ਜਾਣਕਾਰੀ ਦਿੱਤੀ। ਉਨ੍ਹਾਂ ਨੇ ਦੱਸਿਆ ਕਿ "ਈ-ਸੰਪਦਾ ਸੀਐੱਚਡੀ" ਮੋਬਾਈਲ ਐਪਲੀਕੇਸ਼ਨ ਦੇ ਜ਼ਰੀਏ ਨਿਵਾਸੀ ਆਪਣੇ ਮੋਬਾਈਲ ਫੋਨ 'ਤੇ ਇਸਟੇਟ ਆਫ਼ਿਸ ਦੀਆਂ ਸੇਵਾਵਾਂ ਦਾ ਲਾਭ ਲੈ ਸਕਣਗੇ। ਉਨ੍ਹਾਂ ਦੱਸਿਆ ਕਿ 'ਫੇਸਲੈੱਸ ਸਰਵਿਸ ਡਿਲਿਵਰੀ' ਸੁਵਿਧਾ ਦੇ ਤਹਿਤ ਬਿਨੈਕਾਰ ਬਿਨਾ ਅਪਾਇੰਟਮੈਂਟ ਲਏ ਜਾਂ ਇਸਟੇਟ ਆਫ਼ਿਸ ਆਏ ਆਪਣੀਆਂ ਅਰਜ਼ੀਆਂ ਅਤੇ ਸਹਾਇਕ ਦਸਤਾਵੇਜ਼ ਔਨਲਾਇਨ ਜਮ੍ਹਾਂ ਕਰ ਸਕਦੇ ਨੇ ।

--------------------------------------------------------------------------------

ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਲੋਹੀਆਂ ਤੋਂ ਜਕੋਪੁਰ ਨੂੰ ਜਾਣ ਵਾਲੀ ਸੜਕ ਦੀ ਮੁਰੰਮਤ ਦਾ ਕੰਮ ਸ਼ੁਰੂ ਕਰਵਾਇਆ।

ਇਹ ਸੜਕ ਹੜ੍ਹਾਂ ਦੌਰਾਨ ਨੁਕਸਾਨੀ ਗਈ ਸੀ, ਜਿਸ ਕਾਰਨ ਲੋਕਾਂ ਨੂੰ ਇੱਥੋਂ ਲੰਘਣਾ ਵਿੱਚ ਮੁਸ਼ਕਲ ਪੇਸ਼ ਆ ਰਹੀ ਸੀ। ਕੱਲ ਬਾਅਦ ਦੁਪਹਿਰ ਸੰਤ ਬਲਬੀਰ ਸਿੰਘ ਸੀਚੇਵਾਲ ਅਤੇ ਹਲਕਾ ਇੰਚਾਰਜ ਪਾਲਾ ਜਲਾਲਪੁਰ ਦੀ ਅਗਵਾਈ ਹੇਠ ਮਿੱਟੀ ਦੀਆਂ ਟਰਾਲੀਆਂ, ਕਰਾਹੇ ਅਤੇ ਜੇ.ਸੀ.ਬੀ. ਨਾਲ ਕੰਮ ਦੀ ਸ਼ੁਰੂਆਤ ਕੀਤੀ ਗਈ। ਉਨ੍ਹਾਂ ਕਿਹਾ ਕਿ ਇਸ ਉਪਰਾਲੇ ਦਾ ਮਕਸਦ ਰਸਤੇ ਨੂੰ ਆਵਾਜਾਈ ਯੋਗ ਬਣਾਉਣਾ ਏ ਤਾਂ ਜੋ ਵਾਢੀ ਦੇ ਸੀਜ਼ਨ ਦੌਰਾਨ ਕਿਸਾਨਾਂ ਨੂੰ ਆਪਣੀ ਫ਼ਸਲ ਦੀ ਢੋਆ-ਢੁਆਈ ਵਿੱਚ ਮੁਸ਼ਕਲ ਪੇਸ਼ ਨਾ ਆਵੇ।

---------------------------------------------------------------------------

ਗੁਰਦਾਸਪੁਰ ਪੁਲਿਸ ਨੇ ਇੱਕ ਅੰਤਰ-ਰਾਜੀ ਹਥਿਆਰਾਂ ਦੀ ਤਸਕਰੀ ਕਰਨ ਵਾਲੇ ਰੈਕੇਟ ਦਾ ਪਰਦਾਫਾਸ਼ ਕਰਦਿਆਂ 4 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਪਾਸੋਂ 8 ਮੈਗਜ਼ੀਨਾਂ ਸਮੇਤ ਸੱਤ ਪਿਸਤੌਲ ਬਰਾਮਦ ਕੀਤੇ ਨੇ । ਮੁੱਢਲੀ ਜਾਂਚ ਤੋਂ ਪਤਾ ਚੱਲਿਆ ਏ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਦੇ ਦੁਬਈ ਤੇ ਅਮਰੀਕਾ ਸਥਿਤ ਇੱਕ ਵਿਅਕਤੀਆਂ ਨਾਲ ਸੰਪਰਕ ਵਿਚ ਸਨ, ਜਿਨ੍ਹਾਂ ਕਥਿਤ ਤੌਰ 'ਤੇ ਉਨ੍ਹਾਂ ਨੂੰ ਗੈਰ-ਕਾਨੂੰਨੀ ਹਥਿਆਰ ਇਕੱਠੇ ਕਰਨ ਲਈ ਨਿਰਦੇਸ਼ ਦਿੱਤੇ ਸਨ।

ਕਲਾਨੌਰ ਪੁਲਿਸ ਥਾਣੇ ਵਿਚ ਇਸ ਬਾਰੇ ਮਾਮਲਾ ਦਰਜ ਕਰਕੇ ਅਗਲੀ ਜਾਂਚ ਜਾਰੀ ਏ ।

--------------------------------------------------------------------------------

ਭਾਰਤ ਨੇ ਬੀਤੀ ਰਾਤ ਗੁਹਾਟੀ ਵਿੱਚ ਖੇਡੇ ਗਏ ਤਿੰਨ ਮੈਚਾਂ ਦੀ ਲੜੀ ਦੇ ਦੂਜੇ ਇੱਕ ਰੋਜ਼ਾ ਮੈਚ ਵਿੱਚ ਵੈਸਟ ਇੰਡੀਜ਼ ਨੂੰ ਅੱਠ ਵਿਕਟਾਂ ਨਾਲ ਹਰਾਇਆ। ਇਸ ਦੇ ਨਾਲ, ਭਾਰਤ ਨੇ ਲੜੀ ਵਿੱਚ 2-0 ਦੀ ਅਜੇਤੂ ਬੜ੍ਹਤ ਬਣਾ ਲਈ। ਪਹਿਲਾਂ ਬੱਲੇਬਾਜ਼ੀ ਕਰਦੇ ਹੋਏ, ਵੈਸਟ ਇੰਡੀਜ਼ ਨੇ ਸੱਤ ਵਿਕਟਾਂ 'ਤੇ 405 ਦੌੜਾਂ ਬਣਾਈਆਂ। ਭਾਰਤ ਨੇ ਕਪਤਾਨ ਸ਼ੁਭਮਨ ਗਿੱਲ ਦੀਆਂ ਨਾਬਾਦ 223 ਦੌੜਾਂ ਅਤੇ ਰੋਹਿਤ ਸ਼ਰਮਾ ਦੇ ਸੈਂਕੜੇ ਦੀ ਬਦੌਲਤ 44ਵੇਂ ਓਵਰ ਵਿੱਚ ਟੀਚਾ ਪ੍ਰਾਪਤ ਕਰ ਲਿਆ। ਸ਼ੁਭਮਨ ਗਿੱਲ ਨੂੰ 'ਪਲੇਅਰ ਆਫ਼ ਦ ਮੈਚ' ਚੁਣਿਆ ਗਿਆ।

ਸੀਰੀਜ਼ ਦਾ ਤੀਜਾ ਅਤੇ ਆਖਰੀ ਮੈਚ ਸ਼ਨੀਚਰਵਾਰ ਨੂੰ ਨਿਊ ਚੰਡੀਗੜ੍ਹ ਵਿੱਚ ਖੇਡਿਆ ਜਾਵੇਗਾ।

--------------------------------------------------------------------------------